# ਜ਼ਿਲ੍ਹੇ ਦੀਆਂ ਮੰਡੀਆਂ 'ਚੋਂ ਕਿਸਾਨਾਂ ਦੀ ਝੋਨੇ ਦੀ ਫ਼ਸਲ ਦਾ ਇੱਕ-ਇੱਕ ਦਾਣਾ ਚੁੱਕਿਆ ਜਾਵੇਗਾ-ਡਾ: ਹਰਜੋਤ ਕਮਲ

- **ਪੰਜਾਬ ਸਰਕਾਰ ਝੋਨੇ ਦੀ ਖ਼੍ਰੀਦ ਪ੍ਰਕਿਰਿਆ ਨੂੰ ਸਫਲਤਾ-ਪੂਰਵਿਕ ਨੇਪਰੇ ਚਾੜ੍ਹਨ ਲਈ ਵਚਨਬੱਧ**
- **ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ**

ਮੋਗਾ 12 ਅਕਤੂਬਰ :

ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਕਿਸਾਨਾਂ ਦੀ ਝੋਨੇ ਦੀ ਫ਼ਸਲ ਦਾ ਇੱਕ-ਇੱਕ ਦਾਣਾ ਚੁੱਕਿਆ ਜਾਵੇਗਾ।

ਵਿਧਾਇਕ ਮੋਗਾ ਡਾ: ਹਰਜੋਤ ਕਮਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਝੋਨੇ ਦੀ ਖ਼੍ਰੀਦ ਪ੍ਰਕਿਰਿਆ ਨੂੰ ਸਫਲਤਾ-ਪੂਰਵਿਕ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਕਿਸੇ ਵੀ ਪ੍ਰਕਾਰ ਦੀ ਖੱਜਲ-ਖੁਆਰੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਝੋਨੇ ਦੀ ਖ਼੍ਰੀਦ ਪ੍ਰਕਿਰਿਆ ਸਬੰਧੀ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਕਿਸਾਨਾਂ ਨੂੰ ਝੋਨੇ ਦੀ ਖ਼੍ਰੀਦ ਉਪਰੰਤ ਅਦਾਇਗੀ 48 ਘੰਟਿਆਂ ਵਿੱਚ ਯਕੀਨੀ ਬਣਾਈ ਜਾਵੇ ਅਤੇ ਲਿਫਟਿੰਗ 72 ਘੰਟਿਆਂ ਵਿੱਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਫ਼ਸਲ ਸੁਕਾ ਕੇ ਹੀ ਮੰਡੀਆਂ ਵਿੱਚ ਲਿਆਉਣ, ਤਾਂ ਜੋ ਜਿਣਸ ਵੇਚਣ ਲਈ ਉਨ੍ਹਾਂ ਨੂੰ ਵਧੇਰੇ ਸਮਾਂ ਮੰਡੀਆਂ ਵਿੱਚ ਨਾ ਗੁਜ਼ਾਰਨਾ ਪਵੇ।

ਡਾ: ਹਰਜੋਤ ਕਮਲ ਨੇ ਦੱਸਿਆ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੇ 11 ਅਕਤੂਬਰ ਦੀ ਸ਼ਾਮ ਤੱਕ 98,929 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 90,492 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਖਰੀਦ ਕੀਤੇ ਗਏ ਝੋਨੇ ਵਿੱਚੋਂ 28,763 ਮੀਟ੍ਰਿਕ ਟਨ ਝੋਨੇ ਦੀ ਚੁਕਾਈ ਕਰਵਾਈ ਗਈ ਅਤੇ 64.55 ਕਰੋੜ ਰੁਪਏ ਦੀ ਕਿਸਾਨਾਂ ਨੂੰ ਅਦਾਇਗੀ ਵੀ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਨੇ 25,194 ਮੀਟ੍ਰਿਕ ਟਨ, ਮਾਰਕਫੈਡ ਨੇ 22,802 ਮੀਟ੍ਰਿਕ ਟਨ, ਪਨਸਪ ਨੇ 17,806 ਮੀਟ੍ਰਿਕ ਟਨ, ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 13,680 ਮੀਟ੍ਰਿਕ ਟਨ, ਪੰਜਾਬ ਐਗਰੋ ਵੱਲੋਂ 7,606 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 3,404 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਕਿਸਾਨਾਂ ਨੂੰ ਇਹ ਅਪੀਲ ਵੀ ਕੀਤੀ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ, ਕਿਉਂਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਫੈਅਨੁਸਾਰ ਪਰਾਲੀ ਨੂੰ ਅੱਗ ਲਗਾਉਣ ਨਾਲ ਜਿਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਉਥੇ ਮਨੁੱਖੀ ਸਿਹਤ ਨੂੰ ਕਈ ਬਿਮਾਰੀਆਂ ਲੱਗਣ ਦਾ ਡਰ ਵੀ ਬਣਿਆ ਰਹਿੰਦਾ ਹੈ। ਪੀ.ਆਰ(ਪ੍ਰੈ



ਰੀ)2017/573